**Roll No ……………………..** **01/C**

[Total No. of Questions: 11 Total No. of Printed Pages: 03]

**X**

**2038**

# ਸਲਾਨਾ ਪਰੀਖਿਆ ਪ੍ਰਨਾਲੀ

## PUNJABI

Paper-A

(Morning Session)

Time allowed : Three hours Maximum Marks:70

ਨੋਟ : (i) ਆਪਣੀ ਉੱਤਰ-ਪੰਤਰੀ ਦੇ ਟਾਈਟਲ ਪੰਨੇ ਤੇ ਵਿਸ਼ਾ ਕੋਡ/ਪੇਪਰ ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ ਕੋਡ/ਪੇਪਰ ਕੋਡ 01/C ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ।ਅਤੇ ਠੀਕ ਕ੍ਰਮਵਾਰ ਹਨ ।

(iii)ਉੱਤਰ-ਪੱਤਰੀ ਵਿੱਚ ਖਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(iv) ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾਕਟੋ ।

(v) ਸਾਰੇ ਪ੍ਰਸ਼ਨ ਜ਼ਰੂਰੀ ਹਨ ।

(vI) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ ਤੇ ਇੱਕ ਲਾਈਨ ਲਾ ਦਿਓ ।

(vii) ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ ਤੇ ਅਧਾਰਿਤ ਹੋਣੇ ਚਾਹੀਦੇ ਹਨ ।

1 **ਵਸਤੂਨਿਸ਼ਠ ਪ੍ਰਸ਼ਨ :**

(ੳ) ਵਜ਼ੀਰਾ ਘਰੋਂ ਕਿਹੜੇ ਸੰਦ ਲੈ ਕੇ ਗਿਆ ਸੀ? 1

(ਅ) ਬੰਤੇ ਦੇ ਕਿੰਨੇ ਮੁੰਡੇ ਤੇ ਕਿੰਨੀਆਂ ਕੁੜੀਆਂ ਸਨ? 1

(ੲ) ਗੁਰੂ ਅਮਰਦਾਸ ਜੀ ਦੀ ਬਾਣੀ ਕਿਹੜੀ ਹੈ ? 1

(i) ਸੋ ਕਿਉਂ ਮੰਦਾ ਆਖੀਐ' (ii) ਪਵਣ ਗੁਰੂ ਪਾਣੀ ਪਿਤਾ ਵੀ

(iii) ਮਿਠ ਬੋਲੜਾ ਜੀ ਹਰਿ ਸਜਣੁ (iv) ਅਨੰਦ ਭਇਆ ਮੇਰੀ ਮਾਏ ।

(ਸ) ਗੁਰੂ ਜੀ ਦਾ ਸਾਥੀ ਕੌਣ ਸੀ ? 1

(ਹ) ਮਨਜੀਤ, ਨਿਹਾਲ ਕੌਰ ਦੀ ਕੀ ਲੱਗਦੀ ਸੀ ? 1

(ਕ) ਅਮਰੀਕ ਦੀ ਸੋਚਣੀ ਅਨੁਸਾਰ ਪਿਓ ਕਿਹੋ-ਜਿਹੇ ਹੋਣੇ ਚਾਹੀਦੇ ਹਨ ? 1

(ਖ) ਬੰਤੇ ਦੇ ਵਾਲ ਕਿਸ ਨੇ ਕਟਵਾ ਦਿੱਤੇ ਸਨ ? 1

(ਗ) ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਸਿੱਧ ਰਚਨਾ (ਵਾਰ) ਕਿਹੜੀ ਹੈ ? 1

(i) ਨਾਦਰਸ਼ਾਹ ਦੀ ਵਾਰ (ii) ਚੱਠਿਆਂ ਦੀ ਵਾਰ

(iii) ਚੰਡੀ ਦੀ ਵਾਰ (iv) ਭੇੜੇ ਦੀ ਵਾਰ ।|

(ਘ ਤੁਰਨ ਨਾਲ ਮਨ ਵਿੱਚ ਕੀ ਉਪਜਦਾ ਹੈ ? 1

(ਙ) ਬੰਮ ਬਹਾਦਰ ਕਹਾਣੀ ਵਿੱਚ ਮਹੰਤ ਕੌਣ ਹੈ ? 1

2. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ ਇੱਕ ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ : 1

"ਨਹੀਂ ਇਹ ਗੱਲ ਨਹੀਂ, ਮੈਂ ਆਪਣੇ ਪੈਰਾਂ 'ਤੇ ਖਲੋਣਾ ਚਾਹੁੰਦਾ ਹਾਂ ਪਰ ਤੁਸੀਂ ਮੇਰੀ ਇਹ ਗੱਲ ਨਹੀਂ ਸਮਝੋਗੇ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ?

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

ਜਾਂ

ਦੁਖੀ ਤਾਂ ਹੈ, ਪਰ ਗੱਲ ਕੀ ਹੈ ? ਦੁਖੀ ਦਾ ਤਾਂ ਮੈਨੂੰ ਪਤਾ ਈ ਐ । ਜਗੀਰਦਾਰਾਂ ਦੇ ਘਰ ਧੀ ਨੂੰ ਵਿਆਹ ਕੇ ਤੂੰ ਸੁੱਖ ਦੀ ਆਸ ਰੱਖੀ ਹੋਣੀ ਐ ?" 1

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ?

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

1+1+1=3

3. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ ਇੱਕ ਦੀ ਪਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) "ਕਿੱਥੇ ਰਾਜਾ ਭੋਜ, ਕਿੱਥੇ ਗੰਗੂ ਤੇਲੀ ....... ਅਸੀਂ ਤਾਂ ਉਹਨਾਂ ਦੇ ਪਾਸਕੂ ਵੀ ਨਹੀਂ, ਮਿੰਦਰ ਦੀ ਝਾਈ ।"

(ਅ) ਸਾਨੂੰ ਪਿੰਡਾਂ ਆਲਿਆਂ ਨੂੰ ਤਾਂ ਕੁਝ ਸਮਝਦੇ ਈ ਨਹੀਂ, ਇੱਕ ਤਾਂ ਮੁੱਛਦੇ ਐ ਸਾਡੇ ਅਰਗਿਆਂ ਨੂੰ, ਦੂਜਾ ਟਿੱਚਰਾਂ ਕਰਦੇ ਆ ।" 1+2=3

4. ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ ਦੋ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਜੀਅ ਜੰਤ ਸਭਿ ਤੁਧੁ ਉਪਾਏ ॥
ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥
ਸਭ ਕਿਛ ਕੀਤਾ ਤੇਰਾ ਹੋਵੈ ਨਾਹੀ ਕਿਛ ਅਸਾੜਾ ਜੀਉ ॥
5

(ਅ) ਫਰੀਦਾ ਜਿਨੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ ॥
ਮਤ ਸ਼ਰਮਿੰਦਾ ਥੀਵਹੀ ਸਾਂਈ ਦੇ ਦਰਬਾਰਿ ॥
5

(ੲ) ਕੋਈ ਨਾ ਪੀਂਹਦਾ ਸੂਰਮਾ, ਜਿਹੜਾ ਮੈਨੂੰ ਹੱਥ ਕਰੇ ।
ਕਟਕ ਭਿੜਾ ਦਿਆਂ ਟੋਕਰੀਂ, ਮੈਥੋਂ ਰਾਠ ਡਰੇ ।
ਵੱਲ ਵੱਲ ਵੱਢ ਦਿਆਂ ਸੂਰਮੇ ਜਿਉਂ ਖੇਤੀ ਨੂੰ ਪੈਣ ਗੜੇ
ਸਿਰ ਸਿਆਲਾਂ ਦੇ ਵੱਢ ਕੇ, ਸਿਟਾਂਗਾ ਵਿੱਚ ਰੜੇ ।
5

(ਸ) ਧੱਸਾ ਵੱਜਿਆ ਕੂਚ ਦਾ ਹੁਕਮ ਹੋਇਆ,
ਚੜ੍ਹੇ ਸੂਰਮੇ ਸਿੰਘ ਦਲੇਰ ਮੀਆਂ ।
ਚੜ੍ਹੇ ਪੁੱਤ ਸਰਦਾਰਾਂ ਦੇ ਫੈਲ ਕੇ,
ਜੈਸੇ ਬੇਲਿਓਂ ਨਿਕਲਦੇ ਸ਼ੇਰ ਮੀਆਂ
5

5+5=10

5. ਹੇਠ ਲਿਖੇ ਲੇਖਾਂ ਵਿੱਚੋਂ ਕਿਸੇ ਇੱਕ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਬੋਲੀ (ਸ. ਗੁਰਬਖ਼ਸ਼ ਸਿੰਘ)

(ਅ) ਤੁਰਨ ਦਾ ਹੁਨਰ (ਡਾ. ਨਰਿੰਦਰ ਸਿੰਘ ਕਪੂਰ) 7

6. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ ਦੋ ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਲੇਖਕ ਦੀ ਮਾਸੀ ਦਾ ਸੁਭਾਅ ਕਿਹੋ-ਜਿਹਾ ਸੀ? 3
(ਅ) ਬਚਪਨ ਵਿੱਚ ਅਮਰੀਕ ਕਿਹੋ-ਜਿਹੇ ਬਾਪ ਦੀ ਕਲਪਨਾ ਕਰਦਾ ਹੈ ਤੇ ਕਿਉਂ? 3

(ੲ) ਡਾਕੀਏ ਨੂੰ ਵੇਖ ਕੇ ਕਰਮ ਸਿੰਘ ਦੇ ਬਾਪੂ ਦੇ ਮਨ ਵਿੱਚ ਕੀ ਵਿਚਾਰ ਆਏ? 3

(ਸ) ਰਸ਼ੀਦ ਆਪਣੀ ਬਿਮਾਰੀ ਤੋਂ ਰਾਹਤ ਪਾਉਣ ਲਈ ਕੀ ਸ਼ੌਂਕ ਪਾਲਦਾ ਹੈ? 3

3+3=6

7. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ ਦੋ ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ : 3

(ੳ) ਬੋਲੀ ਮਨੁੱਖ ਦੀ ਆਤਮਾ ਦਾ ਚਿੱਤਰ ਹੈ । ਇਸ ਕਥਨ ਤੋਂ ਲੇਖਕ ਦਾ ਕੀ ਭਾਵ ਹੈ?

(ਅ) ਅਰਦਾਸ ਕਦੋਂ ਅਤੇ ਕਿਉਂ ਕੀਤੀ ਜਾਂਦੀ ਹੈ? 3

(ੲ) ਬਾਬਾ ਰਾਮ ਸਿੰਘ ਜੀ ਨੇ ਆਪਣੇ ਜੀਵਨ ਨਿਰਬਾਹ ਲਈ ਕਿਹੜੇ-ਕਿਹੜੇ ਕਿਤੇ ਅਪਣਾਏ? 3

(ਸ) ਪੂਰਬ ਤੇ ਪੱਛਮ ਵਾਲੇ ਕਾਲੀਦਾਸ ਦੀ ਪ੍ਰਤਿਭਾ ਦਾ ਮਾਪ ਕਿਵੇਂ ਕਰਦੇ ਹਨ? 3
3+3=6

8. ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ ਇੱਕ ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ : 5
(ੳ) ਮਿਠ ਬੋਲੜਾ ਜੀ ਹਰਿ ਸਜਣੁ (ਗੁਰੂ ਅਰਜਨ ਦੇਵ ਜੀ)
(ਅ) ਜੰਗ ਦਾ ਹਾਲ (ਸ਼ਾਹ ਮੁਹੰਮਦ )

9. ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ ਇੱਕ ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ : 7
(ੳ) ਕੁਲਫੀ (ਸੁਜਾਨ ਸਿੰਘ)
(ਅ) ਧਰਤੀ ਹੇਠਲਾ ਬਲਦ ( ਕੁਲਵੰਤ ਸਿੰਘ ਵਿਰਕ)

10. ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ : 6
(ੳ) ਜ਼ੀਨਤ-ਉਨ-ਨਿਸਾ (ਇਕਾਂਗੀ : ਜ਼ਫ਼ਰਨਾਮਾ)
(ਅ) ਥਾਣੇਦਾਰ (ਇਕਾਂਗੀ : ਬੰਬ ਕੇਸ )

11. ਨਾਵਲ ਇੱਕ ਹੋਰ ਨਵਾਂ ਸਾਲ ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ ਇੱਕ ਦਾ ਪਾਤਰ ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ : 7
(ੳ) ਫੰਮਣ
(ਅ) ਅਸ਼ਕ
(ੲ) ਮਹੇਸ਼ੀ ॥